# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 24-06-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਆਪ੍ਰੇਸ਼ਨ ਸਿੰਦੂਰ ਨੇ ਦਹਿਸ਼ਤਗਰਦੀ ਖਿਲਾਫ ਭਾਰਤ ਦੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਬਾਰੇ ਇੱਕ ਮਜ਼ਬੂਤ ਵਿਸ਼ਵ-ਵਿਆਪੀ ਸੰਦੇਸ਼ ਦਿੱਤਾ ਏ।
- ਆਪ੍ਰੇਸ਼ਨ ਸਿੰਧੂ ਤਹਿਤ, ਹੁਣ ਤੱਕ 2 ਹਜ਼ਾਰ 295 ਭਾਰਤੀ ਨਾਗਰਿਕਾਂ ਨੂੰ ਈਰਾਨ ਤੋਂ ਦੇਸ਼ ਵਾਪਸ ਲਿਆਂਦਾ ਗਿਆ ।
- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਆਬਕਾਰੀ ਤੇ ਕਰ ਵਿਭਾਗ ਦੀ ਅਚਨਚੇਤ ਚੈਕਿੰਗ-ਕਈ ਬ੍ਰਾਂਚਾਂ ਦਾ ਰਿਕਾਰਡ ਕਬਜ਼ੇ ਵਿੱਚ ਲੈਕੇ ਤੁਰੰਤ ਦਿਸ਼ਾ ਨਿਰਦੇਸ਼ ਜਾਰੀ ਕੀਤੇ ।
- ਸੱਭਿਆਚਾਰਕ ਮਾਮਲੇ ਵਿਭਾਗ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਪੁਰਾਲੇਖ ਵਿਭਾਗ ਦਾ ਜਾਇਜ਼ਾ ਲਿਆ -ਕਿਹਾ ਸੂਬੇ ਦੀ

ਵਿਰਾਸਤੀ ਧਰੋਹਰ ਨੂੰ ਸੰਭਾਲ ਰਹੇ ਪੁਰਾਲੇਖ ਵਿਭਾਗ ਦੀ ਹੋਵੇਗੀ ਕਾਇਆਕਲਪ।

- ਜੈਵਲਿਨ ਥ੍ਰੋਅ ਵਿਸ਼ਵ ਚੈਂਪੀਅਨ ਨੀਰਜ ਚੋਪੜਾ ਅੱਜ ਰਾਤ ਚੈੱਕ ਗਣਰਾਜ 'ਚ ਵੱਕਾਰੀ ਓਸਟ੍ਰਾਵਾ ਗੋਲਡਨ ਸਪਾਈਕ 2025 ਐਥਲੈਟਿਕਸ ਮੀਟ ਵਿੱਚ ਲੈਣਗੇ ਹਿੱਸਾ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਆਪ੍ਰੇਸ਼ਨ ਸਿੰਦੂਰ ਨੇ ਦਹਿਸ਼ਤਗਰਦੀ ਵਿਰੁੱਧ ਭਾਰਤ ਦੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਬਾਰੇ ਇੱਕ ਮਜ਼ਬੂਤ ਵਿਸ਼ਵ-ਵਿਆਪੀ ਸੰਦੇਸ਼ ਦਿੱਤਾ ਏ।ਉਨ੍ਹਾਂ ਕਿਹਾ ਕਿ ਅੱਜ ਦਾ ਭਾਰਤ ਦੇਸ਼ ਦੇ ਹਿੱਤ ਵਿੱਚ ਸਖ਼ਤ ਫੈਸਲੇ ਲੈਂਦਾ ਹੈ।

**BYTE:**

ਪ੍ਰਧਾਨ ਮੰਤਰੀ ਮੋਦੀ ਅੱਜ ਭਾਰਤ ਦੇ ਦੋ ਮਹਾਨ ਅਧਿਆਤਮਿਕ ਅਤੇ ਨੈਤਿਕ ਨੇਤਾਵਾਂ ਸ਼੍ਰੀ ਨਾਰਾਇਣ ਗੁਰੂ ਅਤੇ ਮਹਾਤਮਾ ਗਾਂਧੀ ਵਿਚਕਾਰ ਇਤਿਹਾਸਕ ਗੱਲਬਾਤ ਦੇ ਸ਼ਤਾਬਦੀ ਸਮਾਗਮ ਵਿਚ ਸ਼ਾਮਿਲ ਹੋਏ। ਨਵੀਂ ਦਿੱਲੀ ਵਿੱਚ ਕਰਵਾਏ ਇਸ ਸਮਾਗਮ ਨੂੰ ਸੰਬੋਧਨ ਕਰਦਿਆਂ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਅੱਜ ਵੀ, 100 ਸਾਲ ਪਹਿਲਾਂ ਹੋਈ ਇਹ ਮੁਲਾਕਾਤ, ਸਮਾਜਿਕ ਸਦਭਾਵਨਾ ਅਤੇ ਵਿਕਾਸ ਭਾਰਤ ਦੇ ਸਮੂਹਿਕ ਟੀਚੇ ਲਈ ਪ੍ਰੇਰਨਾ ਸਰੋਤ ਵਜੋਂ ਕੰਮ ਕਰਦੀ ਏ ।

---------------------------------------------------------------

ਪੱਛਮੀ ਏਸ਼ੀਆ ਵਿੱਚ ਟਕਰਾਅ ਪ੍ਰਭਾਵਿਤ ਖੇਤਰਾਂ ਵਿੱਚ ਵਧਦੇ ਤਣਾਅ ਤੋਂ ਬਾਅਦ ਸ਼ੁਰੂ ਕੀਤੇ ਗਏ ਆਪ੍ਰੇਸ਼ਨ ਸਿੰਧੂ ਦੇ ਤਹਿਤ, ਹੁਣ ਤੱਕ 2 ਹਜ਼ਾਰ 295 ਭਾਰਤੀ ਨਾਗਰਿਕਾਂ ਨੂੰ ਈਰਾਨ ਤੋਂ ਦੇਸ਼ ਵਾਪਸ ਲਿਆਂਦਾ ਗਿਆ ਏ । ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ 292 ਭਾਰਤੀ ਨਾਗਰਿਕ ਅੱਜ ਸਵੇਰੇ ਈਰਾਨ ਦੇ ਮਸ਼ਹਦ ਤੋਂ ਇੱਕ ਵਿਸ਼ੇਸ਼ ਜਹਾਜ਼ ਰਾਹੀਂ ਨਵੀਂ ਦਿੱਲੀ ਪਹੁੰਚੇ। ਭਾਰਤੀ ਹਵਾਈ ਫੌਜ ਨੇ ਕਿਹਾ ਏ ਕਿ ਉਹ ਲੋੜ ਸਮੇਂ, ਦੇਸ਼ ਅਤੇ ਦੁਨੀਆ ਭਰ ਵਿੱਚ ਸਹਾਇਤਾ ਪ੍ਰਦਾਨ ਕਰਨ ਲਈ ਪਹਿਲਾ ਕਦਮ ਚੁੱਕਣ ਲਈ ਵਚਨਬੱਧ ਏ । ਹਵਾਈ ਫੌਜ ਨੇ ਭਾਰਤੀ ਨਾਗਰਿਕਾਂ ਅਤੇ ਮਿੱਤਰ ਦੇਸ਼ਾਂ ਦੇ ਨਾਗਰਿਕਾਂ ਨੂੰ ਕੱਢਣ ਲਈ ਜਾਰਡਨ ਅਤੇ ਮਿਸਰ ਤੋਂ ਵੀ ਮਿਸ਼ਨ ਸ਼ੁਰੂ ਕੀਤੇ ਨੇ । ਆਪ੍ਰੇਸ਼ਨ ਸਿੰਧੂ ਦੇ ਤਹਿਤ, ਹਵਾਈ ਫੌਜ ਦੇ ਸੀ-17 ਜਹਾਜ਼ ਨੇ ਇਜ਼ਰਾਈਲ ਤੋਂ

165 ਭਾਰਤੀ ਨਾਗਰਿਕਾਂ ਨੂੰ ਵਾਪਿਸ ਲਿਆਂਦਾ ਏ । ਇਹ ਜਹਾਜ਼ ਅੱਜ ਸਵੇਰੇ ਅੱਮਾਨ ਤੋਂ ਨਵੀਂ ਦਿੱਲੀ ਪਹੁੰਚਿਆ। ਰਾਸ਼ਟਰੀ ਰਾਜਧਾਨੀ ਪਹੁੰਚਣ 'ਤੇ, ਸੂਚਨਾ, ਪ੍ਰਸਾਰਣ ਅਤੇ ਸੰਸਦੀ ਮਾਮਲਿਆਂ ਦੇ ਰਾਜ ਮੰਤਰੀ ਡਾ. ਐਲ. ਮੁਰੂਗਨ ਨੇ ਇਨ੍ਹਾਂ ਲੋਕਾਂ ਦਾ ਸਵਾਗਤ ਕੀਤਾ। ਇਜ਼ਰਾਈਲ ਤੋਂ 161 ਭਾਰਤੀ ਨਾਗਰਿਕਾਂ ਦਾ ਇੱਕ ਹੋਰ ਸਮੂਹ ਵੀ ਅੱਜ ਨਵੀਂ ਦਿੱਲੀ ਪਹੁੰਚਿਆ। ਕੇਂਦਰ ਸਰਕਾਰ ਈਰਾਨ ਅਤੇ ਇਜ਼ਰਾਈਲ ਵਿੱਚ ਭਾਰਤੀ ਨਾਗਰਿਕਾਂ ਨਾਲ ਨਿਰੰਤਰ ਸੰਪਰਕ ਵਿੱਚ ਏ ਅਤੇ ਦੋਵਾਂ ਦੇਸ਼ਾਂ ਵਿੱਚ ਭਾਰਤੀ ਨਾਗਰਿਕਾਂ ਨੂੰ ਹਰ ਸੰਭਵ ਮਦਦ ਅਤੇ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਏ ।ਭਾਰਤ ਸ੍ਰੀਲੰਕਾ ਵਰਗੇ ਦੋਸਤ ਦੇਸ਼ਾਂ ਨੂੰ ਉਨ੍ਹਾਂ ਦੇ ਨਾਗਰਿਕਾਂ ਨੂੰ ਕੱਢਣ ਵਿੱਚ ਵੀ ਸਹਾਇਤਾ ਕਰ ਰਿਹਾ ਏ।ਵਾਪਿਸ ਪਰਤੇ ਲੋਕਾਂ ਨੇ ਭਾਰਤ ਸਰਕਾਰ ਅਤੇ ਦੂਤਘਰ ਦਾ ਧੰਨਵਾਦ ਕੀਤਾ ਏ ।

---------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਪਟਿਆਲਾ ਵਿਖੇ ਆਬਕਾਰੀ ਤੇ ਕਰ ਵਿਭਾਗ ਦੇ ਮੁੱਖ ਦਫ਼ਤਰ ਵਿਖੇ ਅਚਨਚੇਤ ਚੈਕਿੰਗ

ਕੀਤੀ। ਪਟਿਆਲਾ ਪੁੱਜੇ ਹਰਪਾਲ ਸਿੰਘ ਚੀਮਾ ਨੇ ਆਬਕਾਰੀ ਕਮਿਸ਼ਨਰ ਦੇ ਨਾਲ ਆਬਕਾਰੀ ਅਤੇ ਕਰ ਵਿਭਾਗ ਦੇ ਮੁੱਖ ਦਫ਼ਤਰ ਵਿਖੇ ਅਚਨਚੇਤ ਚੈਕਿੰਗ ਕਰਦਿਆਂ ਵੱਖ-ਵੱਖ ਬਰਾਂਚਾਂ ਵਿੱਚ ਜਾ ਕੇ ਜਾਇਜਾ ਲਿਆ ਅਤੇ ਤਾਇਨਾਤ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਹਾਜਰੀ ਜਾਂਚਣ ਦੇ ਨਾਲ ਨਾਲ ਉਹਨਾਂ ਦੇ ਮੇਜਾਂ ਉੱਤੇ ਪਈਆਂ ਫਾਈਲਾਂ ਦੀ ਵੀ ਜਾਂਚ ਕੀਤੀ। ਵਿੱਤ ਮੰਤਰੀ ਨੇ ਆਖਿਆ ਕਿ ਉਨ੍ਹਾਂ ਦੀ ਇਹ ਚੈਕਿੰਗ ਵਿਸ਼ੇਸ਼ ਕਰਕੇ ਕਈ ਫਾਈਲਾਂ ਅਤੇ ਮਾਮਲਿਆਂ ਦਾ ਨਿਪਟਾਰਾ ਕਰਨ ਵਿੱਚ ਹੋ ਰਹੀ ਦੇਰੀ ਦਾ ਕਾਰਨ ਜਾਨਣਾ ਏ । ਇਸ ਦੌਰਾਨ ਵਿੱਤ ਮੰਤਰੀ ਅਤੇ ਆਬਕਾਰੀ ਵਿਭਾਗ ਦੇ ਕਮਿਸ਼ਨਰ ਨੇ ਕਈ ਤਰ੍ਹਾਂ ਦੇ ਦਸਤਾਵੇਜ ਆਪਣੇ ਕਬਜ਼ੇ ਵਿੱਚ ਲਏ ਅਤੇ ਕਈਆਂ ਦੀ ਸੂਚੀ ਬਣਾ ਕੇ ਅਗਲੇਰੀ ਕਾਰਵਾਈ ਲਈ ਹੁਕਮ ਦਿੱਤੇ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਆਖਿਆ ਕਿ ਕੰਮ ਕਰਨ ਜਾਂ ਫਾਇਲ ਨਿਪਟਾਉਣ ਵਿੱਚ ਦੇਰੀ ਨੂੰ ਵੀ ਭ੍ਰਿਸ਼ਟਾਚਾਰ ਮੰਨਿਆ ਜਾਵੇਗਾ। ਇਸ ਦੌਰਾਨ ਵਿੱਤ ਮੰਤਰੀ ਨੇ ਵੱਖ ਵੱਖ ਬਰਾਂਚਾਂ ਦੇ ਸੁਪਰਡੈਂਟ ਅਤੇ ਹੋਰ ਅਧਿਕਾਰੀਆਂ ਨੂੰ ਵੀ ਤਲਬ ਕੀਤਾ

ਅਤੇ ਜਿਹੜੇ ਅਧਿਕਾਰੀ ਜਾਂ ਕਰਮਚਾਰੀ ਮੌਕੇ ਉਤੇ ਮੌਜੂਦ ਨਹੀਂ ਸੀ ਉਹਨਾਂ ਦੀ ਹਾਜ਼ਰੀ ਦੀ ਵੀ ਜਾਂਚ ਕੀਤੀ ।

----------------------------------------------------------------

ਸੰਵਿਧਾਨ ਹੱਤਿਆ ਦਿਵਸ ਭਲਕੇ ਮਨਾਇਆ ਜਾਵੇਗਾ ।ਇਹ ਦਿਨ 25 ਜੂਨ, 1975 ਨੂੰ ਭਾਰਤ ਦੇ ਸੰਵਿਧਾਨ ਨੂੰ ਕੁਚਲਣ ਦੀ ਯਾਦ ਦਿਵਾਉਂਦਾ ਏ। ਇਸ ਦਿਨ, ਉਨ੍ਹਾਂ ਲੋਕਾਂ ਨੂੰ ਸ਼ਰਧਾਂਜਲੀ ਦਿੱਤੀ ਜਾਂਦੀ ਏ, ਜਿਨ੍ਹਾਂ ਨੂੰ ਐਮਰਜੈਂਸੀ ਦੀਆਂ ਵਧੀਕੀਆਂ ਦਾ ਸਾਹਮਣਾ ਕਰਨਾ ਪਿਆ। ਇਹ ਭਾਰਤੀ ਇਤਿਹਾਸ ਦਾ ਸਭ ਤੋਂ ਕਾਲਾ ਦੌਰ ਸੀ। ਇਹ ਦਿਨ ਉਨ੍ਹਾਂ ਸਾਰੇ ਲੋਕਾਂ ਦੇ ਯੋਗਦਾਨ ਨੂੰ ਵੀ ਯਾਦ ਕਰਦਾ ਏ, ਜਿਨ੍ਹਾਂ ਨੇ ਐਮਰਜੈਂਸੀ ਦੇ ਅਣਮਨੁੱਖੀ ਦਰਦ ਨੂੰ ਸਹਿਣ ਕੀਤਾ ਏ।

***ਪੇਸ਼ ਏ ਇੱਕ ਰਿਪੋਰਟ :ਐਮਰਜੈਂਸੀ ਦੌਰਾਨ, ਨਾਗਰਿਕਾਂ ਦੀ ਆਜ਼ਾਦੀ ਨੂੰ ਖਤਮ ਕਰ ਦਿੱਤਾ ਗਿਆ ਸੀ ਅਤੇ ਇੰਦਰਾ ਗਾਂਧੀ ਸਰਕਾਰ ਨੇ ਪ੍ਰੈਸ 'ਤੇ ਸਖ਼ਤ ਸੈਂਸਰਸ਼ਿਪ ਲਗਾ ਦਿੱਤੀ ਸੀ। ਸਰਕਾਰ ਨੇ ਪੱਤਰਕਾਰਾਂ 'ਤੇ ਟੈਕਸ ਲਾਏ, ਪ੍ਰੈਸ ਬੰਦ ਕਰਨ ਦੇ ਨੋਟਿਸ ਜਾਰੀ ਕੀਤੇ ਅਤੇ ਉਨ੍ਹਾਂ ਨੂੰ ਜੇਲ੍ਹ ਵੀ ਭੇਜਿਆ। ਐਮਰਜੈਂਸੀ ਦੌਰਾਨ ਸੱਤਾ ਦਾ***

*ਕੇਂਦਰੀਕਰਨ ਵੀ ਹੋਇਆ ਅਤੇ ਜੈਪ੍ਰਕਾਸ਼ ਨਾਰਾਇਣ, ਲਾਲ ਕ੍ਰਿਸ਼ਨ ਅਡਵਾਨੀ, ਅਟਲ ਬਿਹਾਰੀ ਵਾਜਪਾਈ, ਮੋਰਾਰਜੀ ਦੇਸਾਈ, ਮਧੂ ਦੰਡਵਤੇ ਸਮੇਤ ਵਿਰੋਧੀ ਨੇਤਾਵਾਂ ਦੀ ਸਮੂਹਿਕ ਗ੍ਰਿਫ਼ਤਾਰੀ ਕੀਤੀ ਗਈ। ਇਨ੍ਹਾਂ ਕਾਰਵਾਈਆਂ ਦੀ ਵਿਆਪਕ ਆਲੋਚਨਾ ਅਤੇ ਵਿਰੋਧ ਹੋਇਆ।ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ ਦੌਰਾਨ ਆਪਣੇ ਵਿਚਾਰ ਸਾਂਝੇ ਕਰਦਿਆਂ, ਐਮਰਜੈਂਸੀ ਨੂੰ ਭਾਰਤੀ ਲੋਕਤੰਤਰ 'ਤੇ ਇੱਕ ਕਾਲਾ ਧੱਬਾ ਦੱਸਿਆ ਸੀ।*

*BYTE- PM*

*ਐਮਰਜੈਂਸੀ ਦੇ ਸਮੇਂ ਦੌਰਾਨ ਕਈ ਰਾਜਨੀਤਿਕ ਅੰਦੋਲਨ ਅਤੇ ਘਟਨਾ ਹੋਈਆਂ, ਜਿਨ੍ਹਾਂ ਵਿੱਚ ਗੁਜਰਾਤ ਵਿੱਚ ਨਵਨਿਰਮਾਣ ਅੰਦੋਲਨ, ਬਿਹਾਰ ਵਿੱਚ ਜੈਪ੍ਰਕਾਸ਼ ਨਾਰਾਇਣ ਦਾ ਅੰਦੋਲਨ ਅਤੇ ਜਾਰਜ ਫਰਨਾਂਡਿਸ ਦੀ ਅਗਵਾਈ ਵਿੱਚ, ਰੇਲਵੇ ਹੜਤਾਲ ਸ਼ਾਮਲ ਏ। ਹੱਥਕੜੀਆਂ ਅਤੇ ਬੇੜੀਆਂ ਵਿੱਚ ਜਕੜੇ ਸ਼੍ਰੀ ਫਰਨਾਂਡਿਸ ਦਾ ਵਿਰੋਧ, ਐਮਰਜੈਂਸੀ ਦੇ ਦੌਰ ਦੀ ਸਭ ਤੋਂ ਯਾਦਗਾਰ ਤਸਵੀਰਾਂ ਵਿੱਚੋਂ*

***ਇੱਕ ਏ। ਇਸ ਦੌਰਾਨ, ਲੋਕਾਂ ਨੂੰ ਬਿਨਾਂ ਕਿਸੇ ਇਲਜ਼ਾਮ ਦੇ ਹਿਰਾਸਤ ਵਿੱਚ ਲਿਆ ਗਿਆ ਅਤੇ ਗੈਰ-ਕਾਨੂੰਨੀ ਢੰਗ ਨਾਲ ਕਾਨੂੰਨ ਵੀ ਲਾਗੂ ਕੀਤੇ ਗਏ। ਐਮਰਜੈਂਸੀ ਦਾ ਦੌਰ, ਸੁਤੰਤਰ ਭਾਰਤ ਦਾ ਸਭ ਤੋਂ ਕਾਲਾ ਦੌਰ ਸੀ।ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਰਾਜੇਸ਼ ਬਾਲੀ***

---------------------------------------------------------------

ਵਿਦੇਸ਼ ਮੰਤਰੀ ਡਾ.ਐਸ. ਜੈਸ਼ੰਕਰ ਨੇ ਕਿਹਾ ਏ ਕਿ ਸੇਵਾ, ਸੁਸ਼ਾਸਨ ਅਤੇ ਗਰੀਬਾਂ ਦੀ ਭਲਾਈ ਸ਼ਾਸਨ ਦੇ ਤਿੰਨ ਮੁੱਖ ਥੰਮ ਨੇ ਜੋ ਇੱਕ ਵਿਕਸਤ ਭਾਰਤ ਵੱਲ ਲੈ ਜਾਣਗੇ। ਡਾ. ਜੈਸ਼ੰਕਰ ਨੇ ਅੱਜ 13ਵੇਂ ਪਾਸਪੋਰਟ ਸੇਵਾ ਦਿਵਸ 'ਤੇ ਬੋਲਦਿਆਂ ਕਿਹਾ ਕਿ ਦੇਸ਼ ਵਿੱਚ ਜਨਤਕ ਸੇਵਾ ਪ੍ਰਦਾਨ ਕਰਨ ਖਾਸ ਕਰਕੇ ਪਾਸਪੋਰਟ ਜਾਰੀ ਕਰਨ ਦੀ ਪ੍ਰਣਾਲੀ ਵਿੱਚ ਮਹੱਤਵਪੂਰਨ ਸੁਧਾਰ ਹੋਇਆ ਏ ,।

---------------------------------------------------------------

ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਪੁਰਾਲੇਖ ਵਿਭਾਗ ਪੰਜਾਬ ਦਾ ਜਾਇਜ਼ਾ

ਲੈਂਦਿਆਂ ਕਿਹਾ  ਕਿ ਪੰਜਾਬ ਸਰਕਾਰ ਸੂਬੇ ਦੀ ਵਿਰਾਸਤੀ ਧਰੋਹਰ ਨੂੰ ਸੰਭਾਲ ਰਹੇ ਪਟਿਆਲਾ ਸਥਿਤ ਪੁਰਾਲੇਖ ਵਿਭਾਗ ਦੀ ਕਾਇਆਕਲਪ ਕਰੇਗੀ। ਉਨ੍ਹਾਂ ਕਿਹਾ ਕਿ ਪੁਰਾਤਤਵ ਵਿਭਾਗ ਵਿੱਚ ਇਸੇ ਹਫ਼ਤੇ ਹੀ ਸਾਕਾਰਤਮਕ ਸੁਧਾਰ ਲਿਆਂਦੇ ਜਾਣਗੇ। ਉਨ੍ਹਾਂ ਕਿਹਾ ਕਿ ਸਾਡੇ ਲਈ ਇਹ ਬਹੁਤ ਮਾਣ ਵਾਲੀ ਗੱਲ ਏ ਕਿ ਪੰਜਾਬ ਰਾਜ ਪੁਰਾਲੇਖ ਵਿਭਾਗ ਵੱਲੋਂ ਲਗਪਗ 10 ਲੱਖ ਪੁਰਾਤਨ ਰਿਕਾਰਡ ਪੂਰੀ ਤਰ੍ਹਾਂ ਸੁਰੱਖਿਅਤ ਕਰਕੇ ਸੰਭਾਲਿਆ ਹੋਇਆ ਏ।

---------------------------------------------------------

ਪੰਜਾਬ ਵਿਚ ਜਲ ਜੀਵਨ ਮਿਸ਼ਨ ਅਤੇ ਜਲ ਸ਼ਕਤੀ ਮਿਸ਼ਨ ਯੋਜਨਾਵਾਂ ਸਬੰਧੀ ਕੀਤੀ ਗਈ ਕਾਰਵਾਈ ਸਬੰਧੀ ਮੁਆਇਨਾ ਕਰਨ ਲਈ ਕੇਂਦਰੀ ਟੀਮ ਵੱਖ ਵੱਖ ਜ਼ਿਲਿਆਂ ਦਾ ਦੌਰਾ ਕਰ ਰਹੀ ਏ । ਇਸੇ ਤਹਿਤ ਫਰੀਦਕੋਟ ਜਿਲ੍ਹੇ ਵਿੱਚ ਟੀਮ ਮੈਂਬਰ ਰੋਹਨ ਚੰਦ ਠਾਕੁਰ ਅਤੇ ਵਿਜੇ ਸਿੰਘ ਮੀਨਾ ਨੇ ਅੱਜ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਜਲ ਸ਼ਕਤੀ

ਅਭਿਆਨ ਤਹਿਤ ਹੁਣ ਤੱਕ ਕੀਤੇ ਗਏ ਕੰਮਾਂ ਬਾਰੇ ਵਿਚਾਰ ਚਰਚਾ ਕੀਤੀ ਗਈ।

---------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ ਹਿਮਾਂਸ਼ੂ ਅਗਰਵਾਲ ਨੇ ਸੂਬਾ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨੌਜਵਾਨਾਂ ਨੂੰ ਕਿਤਾਬਾਂ ਨਾਲ ਜੋੜਨ ਲਈ ਜ਼ਿਲ੍ਹੇ ਵਿੱਚ ਬਣਾਈਆਂ ਜਾ ਰਹੀਆਂ ਲਾਇਬ੍ਰੇਰੀਆਂ ਦੇ ਚੱਲ ਰਹੇ ਕੰਮ ਦਾ ਜਾਇਜ਼ਾ ਲਿਆ । ਉਨ੍ਹਾਂ ਅਧਿਕਾਰੀਆਂ ਨੂੰ 15 ਜੁਲਾਈ ਤੱਕ ਹਰ ਹਾਲ ਵਿੱਚ ਲਾਇਬ੍ਰੇਰੀਆਂ ਦਾ ਕਾਰਜ ਨੇਪਰੇ ਚਾੜ੍ਹਨ ਦੀ ਹਦਾਇਤ ਕੀਤੀ, ਤਾਂ ਜੋ ਇਨ੍ਹਾਂ ਨੂੰ ਜਲਦ ਤੋਂ ਜਲਦ ਲੋਕਾਂ ਖਾਸ ਕਰ ਨੌਜਵਾਨਾਂ ਲਈ ਖੋਲ੍ਹਿਆ ਜਾ ਸਕੇ। ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 201 ਲੱਖ ਰੁਪਏ ਤੋਂ ਵੱਧ ਦੀ ਲਾਗਤ ਨਾਲ 6 ਲਾਇਬ੍ਰੇਰੀਆਂ ਤਿਆਰ ਕੀਤੀਆਂ ਜਾ ਰਹੀਆਂ ਨੇ ।

---------------------------------------------------------

ਲੁਧਿਆਣਾ ਗਰੁੱਪ ਹੈੱਡਕੁਆਰਟਰ ਦੀਆਂ 510 ਐਨ.ਸੀ.ਸੀ ਗਰਲ

ਕੈਡੇਟਸ ਲਈ, ਯੂਨਾਈਟਿਡ ਸਰਵਿਸ ਇੰਸਟੀਚਿਊਸ਼ਨ ਨਵੀਂ ਦਿੱਲੀ ਦੇ ਸੰਪਰਕ ਵਿੱਚ 3-ਪੰਜਾਬ ਗਰਲਜ਼ ਬਟਾਲੀਅਨ ਐਨਸੀਸੀ ਲੁਧਿਆਣਾ ਵਲੋਂ "ਸਾਈਬਰ ਫਸਟ ਰਿਸਪਾਂਡਰ" 'ਤੇ ਇੱਕ ਔਨਲਾਈਨ ਵਰਕਸ਼ਾਪ ਕਾਰਵਾਈ ਗਈ। ਬ੍ਰਿਗੇਡੀਅਰ ਪੀ.ਐਸ. ਚੀਮਾ ਚੀਮਾ ਅਤੇ ਡੀ.ਜੀ.ਐਨਸੀਸੀ ਲੈਫਟੀਨੈਂਟ ਜਨਰਲ ਗੁਰਬੀਰਪਾਲ ਸਿੰਘ ਦੇ ਉੱਚ ਨਿਰਦੇਸ਼ਾਂ ਦੀ ਅਗਵਾਈ ਹੇਠ ਹੋਈ ਵਰਕਸ਼ਾਪ ਦਾ ਉਦੇਸ਼ ਉਨ੍ਹਾਂ ਨੂੰ ਸਾਈਬਰ ਸੁਰੱਖਿਆ ਦੇ ਬੁਨਿਆਦੀ ਸਿਧਾਂਤਾਂ ਦੇ ਜ਼ਰੂਰੀ ਗਿਆਨ ਨਾਲ ਲੈਸ ਕਰਨਾ ਸੀ।

-------------------------------------------------------

ਦੱਖਣ-ਪੱਛਮੀ ਮਾਨਸੂਨ ਪੰਜਾਬ, ਹਰਿਆਣਾ ਚੰਡੀਗੜ੍ਹ ਦੇ ਕੁਝ ਹਿੱਸਿਆਂ 'ਚ ਅਗਲੇ ਦੋ ਦਿਨਾਂ ਵਿੱਚ ਹੋਰ ਅੱਗੇ ਵਧਣਦੇ ਹਾਲਤ ਬਣੇ ਹੋਏ ਨੇ ਜਿਸਦੇ ਚਲਦਿਆਂ 25 ਤੋਂ 30 ਜੂਨ ਦੌਰਾਨ ਬਾਰਿਸ਼ ਵਿੱਚ ਵਾਧਾ ਹੋ ਸਕਦਾ ਏ । ਕੁਝ ਥਾਵਾਂ ਤੇ ਕੱਲ ਅਤੇ ਪਰਸੋਂ ਮੀਹਂ ਪੈਣ ਬਾਰੇ ਔਰੇਂਜ ਅਲਰਟ ਵੀ ਜਾਰੀ ਕੀਤਾ ਗਿਆ ਏ । ਪੰਜਾਬ ਹਰਿਆਣਾ ਚੰਡੀਗੜ੍ਹ ਵਿੱਚ ਮੌਸਮ ਵਿਭਾਗ ਮੁਤਾਬਿਕ ਅੱਜ ਕੁਝ ਥਾਵਾਂ ਤੇ ਹਲਕੀ ਤੋਂ

ਦਰਮਿਆਨੀ ਵਰਖਾ , 26 ਤੇ 27 ਜੂਨ ਨੂੰ ਬਹੁਤ ਸਾਰੀਆਂ ਥਾਵਾਂ ਤੇ ਅਤੇ ਅਤੇ 28 ਤੋਂ 30 ਜੂਨ ਤੱਕ ਕਾਫੀ ਥਾਵਾਂ ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਏ। ਜਦਕਿ 27 ,29 ਅਤੇ 30 ਜੂਨ ਨੂੰ ਪੰਜਾਬ ਅਤੇ ਹਰਿਆਣਾ ਵਿੱਚ ਕੁਝ ਥਾਵਾਂ ਤੇ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਵੀ ਕੀਤੀ ਗਈ ਏ । ਕੱਲ ਵੀ ਵੀ ਹਲਕੀ ਤੋਂ ਦਰਮਿਆਨੀ ਵਰਖਾ ਹੋਣ ਦੀ ਸੰਭਾਵਨਾ ਜਤਾਈ ਗਈ ਏ।

---------------------------------------------------------------

ਜੈਵਲਿਨ ਥ੍ਰੋਅ ਵਿਸ਼ਵ ਚੈਂਪੀਅਨ ਨੀਰਜ ਚੋਪੜਾ ਅੱਜ ਰਾਤ ਚੈੱਕ ਗਣਰਾਜ ਵਿੱਚ ਹੋਣ ਵਾਲੇ ਵੱਕਾਰੀ ਓਸਟ੍ਰਾਵਾ ਗੋਲਡਨ ਸਪਾਈਕ 2025 ਐਥਲੈਟਿਕਸ ਮੀਟ ਵਿੱਚ ਹਿੱਸਾ ਲੈਣਗੇ। ਇਹ ਮੁਕਾਬਲਾ ਭਾਰਤੀ ਸਮੇਂ ਅਨੁਸਾਰ ਰਾਤ ਸਾਢੇ 10 ਵਜੇ ਸ਼ੁਰੂ ਹੋਵੇਗਾ। ਓਧਰ ਲੀਡਜ਼ ਵਿਚ ਭਾਰਤ ਅਤੇ ਇੰਗਲੈਂਡ ਦਰਮਿਆਨ ਪਹਿਲੇ ਕ੍ਰਿਕਟ ਟੈਸਟ ਮੈਚ ਦਾ ਆਖਰੀ ਦਿਨ ਦਾ ਮੁਕਾਬਲਾ ਜਾਰੀ ਏ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਆਪ੍ਰੇਸ਼ਨ ਸਿੰਦੂਰ ਨੇ ਦਹਿਸ਼ਤਗਰਦੀ ਖਿਲਾਫ ਭਾਰਤ ਦੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਬਾਰੇ ਇੱਕ ਮਜ਼ਬੂਤ ਵਿਸ਼ਵ-ਵਿਆਪੀ ਸੰਦੇਸ਼ ਦਿੱਤਾ ਏ।
- ਆਪ੍ਰੇਸ਼ਨ ਸਿੰਧੂ ਤਹਿਤ, ਹੁਣ ਤੱਕ 2 ਹਜ਼ਾਰ 295 ਭਾਰਤੀ ਨਾਗਰਿਕਾਂ ਨੂੰ ਈਰਾਨ ਤੋਂ ਦੇਸ਼ ਵਾਪਸ ਲਿਆਂਦਾ ਗਿਆ।
- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਆਬਕਾਰੀ ਤੇ ਕਰ ਵਿਭਾਗ ਦੀ ਅਚਨਚੇਤ ਚੈਕਿੰਗ-ਕਈ ਬ੍ਰਾਂਚਾਂ ਦਾ ਰਿਕਾਰਡ ਕਬਜ਼ੇ ਵਿੱਚ ਲੈਕੇ ਤੁਰੰਤ ਦਿਸ਼ਾ ਨਿਰਦੇਸ਼ ਜਾਰੀ ਕੀਤੇ।
- ਸੱਭਿਆਚਾਰਕ ਮਾਮਲੇ ਵਿਭਾਗ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਪੁਰਾਲੇਖ ਵਿਭਾਗ ਦਾ ਜਾਇਜ਼ਾ ਲਿਆ -ਕਿਹਾ ਸੂਬੇ ਦੀ ਵਿਰਾਸਤੀ ਧਰੋਹਰ ਨੂੰ ਸੰਭਾਲ ਰਹੇ ਪੁਰਾਲੇਖ ਵਿਭਾਗ ਦੀ ਹੋਵੇਗੀ ਕਾਇਆਕਲਪ।

- ਜੈਵਲਿਨ ਥ੍ਰੋਅ ਵਿਸ਼ਵ ਚੈਂਪੀਅਨ ਨੀਰਜ ਚੋਪੜਾ ਅੱਜ ਰਾਤ ਚੈੱਕ ਗਣਰਾਜ 'ਚ ਵੱਕਾਰੀ ਓਸਟ੍ਰਾਵਾ ਗੋਲਡਨ ਸਪਾਈਕ 2025 ਐਥਲੈਟਿਕਸ ਮੀਟ ਵਿੱਚ ਲੈਣਗੇ ਹਿੱਸਾ।

***ਇਸਦੇ ਨਾਲ***

***ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !***